pstcl
PUNJAB STATE TRANSMISSION CORPORATION LIMITED
ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਰਜਿ:ਦਫ਼ਤਰ:ਪੀ.ਐਸ.ਈ.ਬੀ., ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ)
ਕਾਰਪੋਰੇਟ ਆਇਡੈਂਟਿਟੀ ਨੰਬਰ:- U40109PB2010SGC033814
ਦਫ਼ਤਰ: ਉਪ ਮੁੱਖ ਇੰਜੀਨੀਅਰ/ ਐਚ.ਆਰ. ਅਤੇ ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
ਟੈਲੀਫੂਨ ਨੰ:- 0175-2970693 ਵੈਬਸਾਇਟ : pstcl.org

ਵੱਲ

ਸਮੂਹ ਪ੍ਰਮੁੱਖ ਇੰਜੀਨੀਅਰ/ ਮੁੱਖ ਇੰਜੀਨੀਅਰ/ ਮੁੱਖ ਵਿੱਤ ਅਫਸਰ/ ਮੁੱਖ ਲੇਖਾ ਅਫਸਰ
ਅਤੇ ਵਿਭਾਗਾਂ ਦੇ ਮੁਖੀ, ਪੀ.ਐਸ.ਟੀ.ਸੀ.ਐਲ.।

ਮੀਮੋ ਨੰ. 7308 /CC-227 ਮਿਤੀ 10/6/21

ਵਿਸ਼ਾ: ਸ਼ਿਕਾਇਤ ਬਾਬਤ 16 ਸਾਲਾਂ ਸਮਾਂ-ਬੱਧ ਸਕੇਲ ਨਾ ਦੇਣ ਸਬੰਧੀ ਵੱਲੋਂ ਸ਼੍ਰੀ ਲਖਵਿੰਦਰ ਸਿੰਘ, ਏ.ਏ.ਈ (ਆਈ.ਡੀ-226987) ਪੁੱਤਰ ਸ਼੍ਰੀ ਗਰੀਬ ਸਿੰਘ ਦੇ ਸਬੰਧ ਵਿੱਚ ਮੁੱਖ ਇੰਜੀਨੀਅਰ/ ਪੀ ਤੇ ਐਮ, ਪੀ.ਐਸ.ਟੀ.ਸੀ.ਐਲ. ਜੀ ਦੇ ਦਫਤਰ ਵਲੋਂ ਪ੍ਰਾਪਤ ਹੋਈ ਰਿਪੋਰਟ ਨੂੰ ਵਾਚਣ ਉਪਰੰਤ ਪੀ.ਐਸ.ਟੀ.ਸੀ.ਐਲ. ਦੇ ਉੱਚ ਅਧਿਕਾਰੀਆਂ ਵਲੋਂ ਫੀਲਡ ਦਫਤਰਾਂ ਅਧੀਨ ਆਉਂਦੇ ਕਰਮਚਾਰੀਆਂ ਨਾਲ ਸਬੰਧਤ ਮਸਲਿਆਂ ਦਾ ਸਮੇਂ ਸਿਰ ਨਿਪਟਾਰਾ ਕਰਨ ਲਈ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ *'ਸ਼ਿਕਾਇਤ ਬਾਬਤ 16 ਸਾਲਾਂ ਸਮਾਂ-ਬੱਧ ਸਕੇਲ ਨਾ ਦੇਣ ਸਬੰਧੀ ਵੱਲੋਂ ਸ਼੍ਰੀ ਲਖਵਿੰਦਰ ਸਿੰਘ, ਏ.ਏ.ਈ (ਆਈ.ਡੀ-226987) ਪੁੱਤਰ ਸ਼੍ਰੀ ਗਰੀਬ ਸਿੰਘ'* ਦੇ ਸਬੰਧ ਵਿੱਚ ਮੁੱਖ ਇੰਜੀਨੀਅਰ/ ਪੀ ਤੇ ਐਮ, ਪੀ.ਐਸ.ਟੀ.ਸੀ.ਐਲ., ਲੁਧਿਆਣਾ ਜੀ ਦੇ ਦਫਤਰ ਵਲੋਂ ਪ੍ਰਾਪਤ ਹੋਈ ਰਿਪੋਰਟ ਪੀ.ਐਸ.ਟੀ.ਸੀ.ਐਲ. ਦੇ ਉੱਚ ਅਧਿਕਾਰੀਆਂ ਦੇ ਸਨਮੁੱਖ ਵਿਚਾਰਨ ਹਿਤ ਪੇਸ਼ ਕੀਤੀ ਗਈ ਸੀ, ਜਿਸਨੂੰ ਵਾਚਣ ਉਪਰੰਤ ਪਾਇਆ ਗਿਆ ਕਿ ਫੀਲਡ ਦਫਤਰਾਂ ਵਲੋਂ ਉਨ੍ਹਾਂ ਦੇ ਅਧੀਨ ਆਉਂਦੇ ਕਰਮਚਾਰੀਆਂ ਦੇ service-related ਮਸਲਿਆਂ ਦਾ ਸਮੇਂ ਸਿਰ ਨਿਪਟਾਰਾ ਨਹੀਂ ਕੀਤਾ ਜਾਂਦਾ, ਜਿਸ ਕਰਕੇ ਪ੍ਰਾਪਤ ਹੋਈ ਸ਼ਿਕਾਇਤਾਂ ਨੂੰ ਨਜਿੱਠਣ ਵਿੱਚ ਕਾਫੀ ਸਮਾਂ ਲੱਗਦਾ ਹੈ। ਇਸ ਲਈ ਮਾਨਯੋਗ ਮੁੱਖ ਇੰਜੀਨੀਅਰ/ ਐਚ.ਆਈ.ਐਸ. ਤੇ ਡੀ, ਪੀ.ਐਸ.ਟੀ.ਸੀ.ਐਲ. ਜੀ ਵਲੋਂ ਚਾਹਿਆ ਗਿਆ ਹੈ ਕਿ ਪੀ.ਐਸ.ਟੀ.ਸੀ.ਐਲ. ਦੇ ਪ੍ਰਚਲਿਤ ਨਿਯਮਾਂ ਅਨੁਸਾਰ ਫੀਲਡ ਦਫਤਰਾਂ ਵਲੋਂ ਭਵਿੱਖ ਵਿੱਚ ਕਰਮਚਾਰੀਆਂ ਨਾਲ ਸਬੰਧਤ ਮਸਲੇ ਸਮੇਂ ਸਿਰ ਨਿਪਟਾਏ ਜਾਣ, ਜਿਸਦੇ ਨਾਲ ਮਾਨਯੋਗ ਡਾਇਰੈਕਟਰ/ ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ. ਜੀ ਵਲੋਂ ਵੀ ਸਹਿਮਤੀ ਪ੍ਰਗਟਾਈ ਗਈ ਹੈ। ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਜੀ ਵਲੋਂ ਆਪਣੇ ਅਧੀਨ ਆਉਂਦੇ ਸਮੂਹ ਦਫਤਰਾਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾਣ ਜੀ।

ਉਪ ਮੁੱਖ ਇੰਜੀਨੀਅਰ/ ਐਚ.ਆਰ. ਤੇ ਪ੍ਰਬੰਧਕੀ,
ਪੀ.ਐਸ.ਟੀ.ਸੀ.ਐਲ, ਪਟਿਆਲਾ

ਸੀ.ਸੀ.

1) ਸੀਨੀ: ਪੀ.ਐਸ. ਟੂ ਮਾਨਯੋਗ ਡਾਇਰੈਕਟਰ/ ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ ਜੀ।
2) ਸੀਨੀ: ਪੀ.ਐਸ. ਟੂ ਮਾਨਯੋਗ ਡਾਇਰੈਕਟਰ/ ਟੈਕਨੀਕਲ, ਪੀ.ਐਸ.ਟੀ.ਸੀ.ਐਲ, ਪਟਿਆਲਾ ਜੀ।
3) ਸੀਨੀ: ਪੀ.ਐਸ. ਟੂ ਮਾਨਯੋਗ ਡਾਇਰੈਕਟਰ/ ਵਿੱਤ ਤੇ ਵਣਜ਼, ਪੀ.ਐਸ.ਟੀ.ਸੀ.ਐਲ, ਪਟਿਆਲਾ ਜੀ।
4) ਮੁੱਖ ਇੰਜੀਨੀਅਰ/ ਐਚ.ਆਈ.ਐਸ. ਤੇ ਡੀ, ਪੀ.ਐਸ.ਟੀ.ਸੀ.ਐਲ, ਪਟਿਆਲਾ ਜੀ।

Scanned with CamScanner